# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 27-05-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਸ਼ਟਰਪਤੀ ਭਵਨ ਵਿਖੇ, ਦੂਜੇ ਨਾਗਰਿਕ ਸਨਮਾਨ ਸਮਾਗਮ ਵਿੱਚ ਪਦਮ ਪੁਰਸਕਾਰ ਪ੍ਰਦਾਨ ਕਰ ਰਹੇ ਨੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 140 ਕਰੋੜ ਦੇਸ਼ ਵਾਸੀਆਂ ਨੂੰ ਵਿਦੇਸ਼ੀ ਵਸਤਾਂ 'ਤੇ ਨਿਰਭਰਤਾ ਛੱਡ ਕੇ ਸਾਲ 2047 ਤੱਕ ਭਾਰਤ ਨੂੰ ਵਿਕਸਤ ਕਰਨ ਦੀ ਅਪੀਲ ਕੀਤੀ।
- ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ -ਪਾਕਿਸਤਾਨ ਵਿਚ ਫੌਜ ਅਤੇ ਸਰਕਾਰ ਵਲੋਂ ਸਮਰਥਨ ਨਾਲ, ਦਹਿਸ਼ਤਗਰਦੀ ਸੰਗਠਨ ਖੁਲੇਆਮ ਕੰਮ ਕਰ ਰਹੇ ਨੇ।
- ਅੰਮ੍ਰਿਤਸਰ ਵਿਚ ਵਿਸਫੋਟਕ ਦੀ ਖੇਪ ਬਰਾਮਦ ਕਰਦੇ ਸਮੇਂ, ਇੱਕ ਵਿਅਕਤੀ ਦੀ ਮੌਤ -ਪੁਲਿਸ ਨੇ ਇਕ ਦਹਿਸ਼ਤਗਰਦੀ ਸੰਗਠਨ ਨਾਲ ਸੰਬਧ ਹੋਣ ਦਾ ਜਤਾਇਆ ਖਦਸ਼ਾ ।

ਅਤੇ

• ਭਾਰਤ ਦੇ ਗੁਲਵੀਰ ਸਿੰਘ ਨੇ ਦੱਖਣੀ ਕੋਰੀਆ ਦੇ ਗੁਮੀ ਵਿੱਚ ਏਸ਼ੀਅਨ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ, ਮਰਦਾਂ ਦੀ 10 ਹਜ਼ਾਰ ਮੀਟਰ ਦੌੜ ਵਿੱਚ ਸੋਨੇ ਦਾ ਤਗਮਾ ਜਿੱਤਿਆ ।

—————————————————————————————

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸ਼ਾਮ ਰਾਸ਼ਟਰਪਤੀ ਭਵਨ ਵਿਖੇ ਦੂਜੇ ਨਾਗਰਿਕ ਸਨਮਾਨ ਸਮਾਗਮ ਵਿੱਚ ਪਦਮ ਪੁਰਸਕਾਰ ਪ੍ਰਦਾਨ ਕਰ ਰਹੇ ਨੇ। ਦੇਸ਼ ਦੇ ਸਰਬਉੱਚ ਨਾਗਰਿਕ ਪੁਰਸਕਾਰਾਂ ਵਿੱਚੋਂ ਇੱਕ, ਪਦਮ ਪੁਰਸਕਾਰ ਤਿੰਨ ਸ਼੍ਰੇਣੀਆਂ -ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ਼੍ਰੀ ਵਿੱਚ ਪ੍ਰਦਾਨ ਕੀਤੇ ਜਾਂਦੇ ਜਾਂਦੇ ਨੇ। ਇਹ ਪੁਰਸਕਾਰ ਕਲਾ, ਸਮਾਜਿਕ ਕਾਰਜ, ਜਨਤਕ ਮਾਮਲੇ, ਵਿਗਿਆਨ ਅਤੇ ਇੰਜੀਨੀਅਰਿੰਗ, ਵਪਾਰ ਅਤੇ ਸਨਅਤ, ਸਾਹਿਤ ਅਤੇ ਸਿੱਖਿਆ, ਖੇਡਾਂ ਅਤੇ ਪ੍ਰਸ਼ਾਸਨਿਕ ਸੇਵਾ ਸਮੇਤ ਵੱਖ-ਵੱਖ ਵਿਸ਼ਿਆਂ ਅਤੇ ਖੇਤਰਾਂ ਵਿੱਚ ਦਿੱਤੇ ਗਏ ਨੇ। ਇਸ ਸਾਲ ਸਰਕਾਰ ਨੇ 139 ਪਦਮ ਪੁਰਸਕਾਰਾਂ ਦਾ ਐਲਾਨ ਕੀਤਾ ਸੀ, ਜਿਸ ਵਿੱਚ ਸੱਤ ਪਦਮ ਵਿਭੂਸ਼ਣ, 19 ਪਦਮ ਭੂਸ਼ਣ ਅਤੇ 113 ਪਦਮ ਸ਼੍ਰੀ ਪੁਰਸਕਾਰ ਸ਼ਾਮਲ ਨੇ। ਪਹਿਲੇ ਸਨਮਾਨ ਸਮਾਗਮ ਦੌਰਾਨ, ਰਾਸ਼ਟਰਪਤੀ ਨੇ 71 ਉੱਘੀਆਂ ਸ਼ਖਸੀਅਤਾਂ ਨੂੰ ਪਦਮ ਪੁਰਸਕਾਰ ਪ੍ਰਦਾਨ ਕੀਤੇ ਸੀ ਅਤੇ ਅੱਜ ਦੂਜੇ ਸਨਮਾਨ

ਸਮਾਗਮ ਵਿੱਚ, ਕੁੱਲ 68 ਉੱਘੀਆਂ ਸ਼ਖਸੀਅਤਾਂ ਨੂੰ ਪਦਮ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਹਾਲ ਹੀ ਦੇ ਘਟਨਾਕ੍ਰਮ ਨੇ ਸਾਬਤ ਕਰ ਦਿੱਤਾ ਏ ਕਿ ਭਾਰਤ ਖਿਲਾਫ ਪਾਕਿਸਤਾਨ ਦੀ ਅਖੌਤੀ ਜੰਗ ਅਸਲ ਵਿੱਚ ਇੱਕ ਯੋਜਨਾਬੱਧ ਜੰਗੀ ਰਣਨੀਤੀ ਏ । ਗੁਜਰਾਤ ਦੇ ਗਾਂਧੀਨਗਰ ਦੇ ਮਹਾਤਮਾ ਮੰਦਰ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ 6 ਮਈ ਦੀਆਂ ਘਟਨਾਵਾਂ ਤੋਂ ਬਾਅਦ, ਭਾਰਤ ਨੂੰ ਦਹਿਸ਼ਤਗਰਦੀ ਗਤੀਵਿਧੀਆਂ ਦੇ ਸਬੂਤ ਦੇਣ ਦੀ ਕੋਈ ਲੋੜ ਨਹੀਂ ਰਹੀ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਤੋਂ ਇਹ ਸਪੱਸ਼ਟ ਹੁੰਦਾ ਏ ਕਿ ਇਹ ਅਲੱਗ-ਥਲੱਗ ਦਹਿਸ਼ਤਗਰਦੀ ਕਾਰਵਾਈਆਂ ਨਹੀਂ ਹਨ, ਸਗੋਂ ਇੱਕ ਤਾਲਮੇਲ ਵਾਲੀ ਫੌਜੀ ਰਣਨੀਤੀ ਦਾ ਹਿੱਸਾ ਨੇ । ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਕਿਸੇ ਨਾਲ ਦੁਸ਼ਮਣੀ ਨਹੀਂ ਚਾਹੁੰਦਾ। ਭਾਰਤ ਸ਼ਾਂਤੀ ਨਾਲ ਰਹਿਣਾ ਚਾਹੁੰਦਾ ਏ । ਉਨ੍ਹਾਂ ਕਿਹਾ ਕਿ ਦੇਸ਼ ਇਸ ਤਰੀਕੇ ਨਾਲ ਤਰੱਕੀ ਕਰਨ ਦੀ ਇੱਛਾ ਰੱਖਦਾ ਏ ਜੋ ਦੁਨੀਆ ਦੀ ਭਲਾਈ ਵਿੱਚ ਯੋਗਦਾਨ ਪਾਉਂਦਾ ਏ । ਸਰਕਾਰ ਕਰੋੜਾਂ ਭਾਰਤੀਆਂ ਦੇ ਵਿਕਾਸ ਲਈ

ਸਮਰਪਣ ਭਾਵਨਾ ਨਾਲ ਕੰਮ ਕਰ ਰਹੀ ਏ । ਛਲੀਆਂ ਗਲਤ ਨੀਤੀਆਂ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਨੌਜਵਾਨ ਪੀੜ੍ਹੀ ਨੂੰ ਰਾਸ਼ਟਰੀ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਇਤਿਹਾਸਕ ਫੈਸਲਿਆਂ ਦਾ ਅਧਿਐਨ ਕਰਨ ਲਈ ਕਿਹਾ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਗਾਂਧੀਨਗਰ ਦੇ ਮਹਾਤਮਾ ਮੰਦਰ ਵਿਖੇ 5 ਹਜ਼ਾਰ 536 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ ।

---

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ ਏ ਕਿ, ਦਹਿਸ਼ਤਗਰਦੀ ਸੰਗਠਨ ਪਾਕਿਸਤਾਨ ਤੋਂ ਸ਼ਰੇਆਮ ਆਪਣੀਆਂ ਗਤੀਵਿਧੀਆਂ ਨੂੰ ਅੰਜਾਮ ਦੇ ਰਹੇ ਨੇ। ਉਨ੍ਹਾਂ ਕਿਹਾ ਕਿ ਦਹਿਸ਼ਤਗਰਦੀ, ਪਾਕਿਸਤਾਨ ਵਿੱਚ ਇੱਕ ਖੁੱਲ੍ਹਾ ਕਾਰੋਬਾਰ ਏ, ਜਿਸਨੂੰ ਪਾਕਿਸਤਾਨੀ ਫੌਜ ਅਤੇ ਸਰਕਾਰ ਵਲੋਂ ਸਮਰਥਨ, ਵਿੱਤੀ ਸਹਾਇਤਾ ਅਤੇ ਵਰਤਿਆ ਜਾ ਰਿਹਾ ਏ। ਇੱਕ ਜਰਮਨ ਅਖਬਾਰ ਨੂੰ ਦਿੱਤੀ ਇੰਟਰਵਿਊ ਵਿੱਚ, ਡਾ. ਜੈਸ਼ੰਕਰ ਨੇ ਕਿਹਾ ਕਿ ਭਾਰਤ ਨੇ ਦਹਿਸ਼ਤਗਰਦਾਂ ਨੂੰ ਸਪੱਸ਼ਟ ਸੰਦੇਸ਼ ਦਿੱਤਾ ਏ ਕਿ, ਉਨ੍ਹਾਂ ਨੂੰ ਦਹਿਸ਼ਤਗਰਦੀ ਹਮਲਿਆਂ ਦੀ ਕੀਮਤ ਚੁਕਾਉਣੀ ਪਵੇਗੀ। ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਭਾਰਤ ਦੀ ਜਵਾਬੀ ਕਾਰਵਾਈ 'ਤੇ, ਵਿਦੇਸ਼ ਮੰਤਰੀ ਨੇ ਕਿਹਾ ਕਿ

ਭਾਰਤ ਨੇ ਇੱਕ ਮਾਪਿਆ ਅਤੇ ਸਟੀਕ ਹਮਲਾ ਕੀਤਾ ਏ। ਭਾਰਤ ਅਤੇ ਪਾਕਿਸਤਾਨ ਦਰਮਿਆਨ ਗੋਲੀਬੰਦੀ 'ਤੇ ਡਾ. ਜੈਸ਼ੰਕਰ ਨੇ ਕਿਹਾ ਕਿ ਦੋਵਾਂ ਦੇਸ਼ਾਂ ਦੇ ਫੌਜੀ ਕਮਾਂਡਰਾਂ ਵਿਚਕਾਰ ਸਿੱਧੇ ਸੰਪਰਕ ਰਾਹੀਂ, ਗੋਲੀਬਾਰੀ ਰੋਕਣ ਲਈ ਸਹਿਮਤੀ ਬਣੀ ਸੀ।

___________________________________________

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਉਨ੍ਹਾਂ ਦੀ ਬਰਸੀ 'ਤੇ  ਸ਼ਰਧਾਂਜਲੀ ਭੇਟ ਕੀਤੀ ਏ ।

___________________________________________

ਭਾਰਤੀ ਫੌਜ ਨੇ ਫਿਰੋਜ਼ਪੁਰ ਦੇ ਨਾਗਰਿਕਾਂ ਅਤੇ ਸਿਵਲ ਪ੍ਰਸ਼ਾਸਨ ਨਾਲ ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਸਾਂਝੀ ਕਰਨ ਲਈ ਹਾਲ ਹੀ ਵਿੱਚ ਇੱਕ ਵਿਸ਼ੇਸ਼ ਸਮਾਗਮ 'ਏਕਤਾ ਸ਼ਕਤੀ' ਕਰਾਇਆ । 'ਆਪ੍ਰੇਸ਼ਨ ਸਿੰਦੂਰ' ਦੌਰਾਨ ਜ਼ਰੂਰੀ ਸੇਵਾਵਾਂ ਅਤੇ ਸੁਰੱਖਿਆ ਸਹਾਇਤਾ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਹਮਾਇਤਅਤੇ ਯੋਗਦਾਨ ਲਈ ਫੌਜ ਵਲੋਂ ਬਹੁਤ ਸਾਰੇ ਸਰਪੰਚਾਂ, ਪੰਚਾਂ, ਕਿਸਾਨਾਂ, ਹੋਰ ਨਾਗਰਿਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਓਹਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਉਨ੍ਹਾਂ ਵਿੱਚੋਂ ਇੱਕ 10 ਸਾਲ ਦਾ 'ਸਭ ਤੋਂ ਛੋਟਾ ਯੋਧਾ' ਮਾਸਟਰ ਸ਼ਵਨ ਵੀ ਸੀ, ਜਿਸਨੇ ਸਰਹੱਦੀ

ਪਿੰਡਾਂ ਵਿੱਚ ਤਾਇਨਾਤ ਫੌਜ ਦੇ ਜਵਾਨਾਂ ਦੀ ਮਦਦ ਕੀਤੀ ।

**ਪੇਸ਼ ਏ ਇੱਕ ਰਿਪੋਰਟ**

———————————————————————————————

ਅੰਮ੍ਰਿਤਸਰ ਦੇ ਮਜੀਠਾ-ਰੋਡ ਬਾਈਪਾਸ 'ਤੇ ਇੱਕ ਰਿਹਾਇਸ਼ੀ ਕਲੋਨੀ ਵਿੱਚ, ਖਾਲੀ ਪਲਾਟ ਤੋਂ ਵਿਸਫੋਟਕ ਦੀ ਖੇਪ ਬਰਾਮਦ ਕਰਦੇ ਸਮੇਂ ਇੱਕ ਵਿਅਕਤੀ ਦੀ ਗੰਭੀਰ ਸੱਟਾਂ ਲੱਗਣ ਕਾਰਨ ਮੌਤ ਹੋ ਗਈ ਏ। ਅੰਮ੍ਰਿਤਸਰ ਬਾਰਡਰ ਰੇਂਜ ਦੇ DIG ਸਤਿੰਦਰ ਸਿੰਘ ਨੇ ਕਿਹਾ ਏ ਕਿ ਇਹ ਵਿਅਕਤੀ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਜੁੜਿਆ ਹੋਇਆ ਸੀ। ਹਾਲਾਂਕਿ ਉਸਦੀ ਪਛਾਣ ਅਜੇ ਤੱਕ ਨਹੀਂ ਕੀਤੀ ਗਈ ਏ ਪਰ ਉਸਦੀ ਜੇਬ ਵਿੱਚੋਂ ਮਿਲੇ ਕੁਝ ਅਪਰਾਧਕ ਦਸਤਾਵੇਜ਼ਾਂ ਤੋਂ ਪਤਾ ਚੱਲਦਾ ਏ ਕਿ ਉਹ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਜੁੜਿਆ ਹੋਇਆ ਸੀ।BYTE:

ਅਗਲੇਰੀ ਜਾਂਚ ਜਾਰੀ ਏ।

———————————————————————————————

ਓਧਰ ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਢਾਈ ਕਿਲੋ ਹੈਰੋਇਨ ਅਤੇ 42 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਚਾਰ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਏ । ਕਾਊਂਟਰ ਇੰਟੈਲੀਜੈਂਸ ਦੇ ਇੰਸਪੈਕਟਰ ਇੰਦਰਦੀਪ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ ਕਿ ਕਾਬੂ ਕੀਤੇ ਆਰੋਪੀਆਂ

ਦੀ ਪਛਾਣ ਅੰਮ੍ਰਿਤਸਰ ਦੇ ਹਰਦੀਪ ਸਿੰਘ , ਸਰਾਏ ਅਮਾਨਤ ਖਾਂ ਦੇ ਅਜੇ ਪਾਲ ਸਿੰਘ ਵਜੋਂ ਹੋਈ ਏ ।**BYTE**:

———————————————————————————————

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫਸਰ ਹਿਮਾਂਸ਼ੂ ਜੈਨ ਨੇ ਰਾਜਨੀਤਿਕ ਪਾਰਟੀਆਂ ਨੂੰ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਸ਼ਤਿਹਾਰਾਂ ਲਈ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਐਂਡ ਮਾਨੀਟਰਿੰਗ ਕਮੇਟੀ (MCMC) ਤੋਂ ਪਹਿਲਾਂ ਪ੍ਰਵਾਨਗੀ ਲੈਣ ਦੀ ਹਦਾਇਤ ਕੀਤੀ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਪਲੇਟਫਾਰਮਾਂ 'ਤੇ ਸਿਰਫ਼ ਪਹਿਲਾਂ ਤੋਂ ਪ੍ਰਮਾਣਿਤ ਇਸ਼ਤਿਹਾਰ ਹੀ ਪ੍ਰਦਰਸ਼ਿਤ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਇਸ਼ਤਿਹਾਰਾਂ 'ਤੇ ਹੋਏ ਸਾਰੇ ਖਰਚੇ ਚੋਣ ਖਰਚ ਖਾਤੇ ਵਿੱਚ ਸ਼ਾਮਲ ਕੀਤੇ ਜਾਣਗੇ ।

———————————————————————————————

ਭਾਰਤ ਦੇ ਗੁਲਵੀਰ ਸਿੰਘ ਨੇ ਦੱਖਣੀ ਕੋਰੀਆ ਦੇ ਗੁਮੀ ਵਿੱਚ ਏਸ਼ੀਅਨ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਪੁਰਸ਼ਾਂ ਦੀ 10 ਹਜ਼ਾਰ ਮੀਟਰ ਦੌੜ ਵਿੱਚ ਸੋਨੇ ਦਾ ਤਗਮਾ ਜਿੱਤਿਆ ਏ । ਗੁਲਵੀਰ ਨੇ 28 ਮਿੰਟ 38.63 ਸਕਿੰਟ ਦੇ ਸਮੇਂ ਨਾਲ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਪਹਿਲਾਂ, ਸਰਵਿਨ ਸੇਬੇਸਟੀਅਨ ਨੇ ਚੈਂਪੀਅਨਸ਼ਿਪ ਵਿੱਚ

ਕਾਂਸੀ ਦਾ ਤਗਮਾ ਜਿੱਤ ਕੇ, ਤਗਮਾ ਸੂਚੀ ਵਿੱਚ ਭਾਰਤ ਦਾ ਖਾਤਾ ਖੋਲ੍ਹਿਆ ਸੀ।

---

• ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਸ਼ਟਰਪਤੀ ਭਵਨ ਵਿਖੇ, ਦੂਜੇ ਨਾਗਰਿਕ ਸਨਮਾਨ ਸਮਾਗਮ ਵਿੱਚ ਪਦਮ ਪੁਰਸਕਾਰ ਪ੍ਰਦਾਨ ਕੀਤੇ।

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 140 ਕਰੋੜ ਦੇਸ਼ ਵਾਸੀਆਂ ਨੂੰ ਵਿਦੇਸ਼ੀ ਵਸਤਾਂ 'ਤੇ ਨਿਰਭਰਤਾ ਛੱਡ ਕੇ ਸਾਲ 2047 ਤੱਕ ਭਾਰਤ ਨੂੰ ਵਿਕਸਤ ਕਰਨ ਦੀ ਅਪੀਲ ਕੀਤੀ ।

• ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ -ਪਾਕਿਸਤਾਨ ਵਿਚ ਫੌਜ ਅਤੇ ਸਰਕਾਰ ਵਲੋਂ ਸਮਰਥਨ ਨਾਲ, ਦਹਿਸ਼ਤਗਰਦੀ ਸੰਗਠਨ ਖੁਲੇਆਮ ਕੰਮ ਕਰ ਰਹੇ ਨੇ ।

• ਅੰਮ੍ਰਿਤਸਰ ਵਿਚ ਵਿਸਫੋਟਕ ਦੀ ਖੇਪ ਬਰਾਮਦ ਕਰਦੇ ਸਮੇਂ, ਇੱਕ ਵਿਅਕਤੀ ਦੀ ਮੌਤ -ਪੁਲਿਸ ਨੇ ਇਕ ਦਹਿਸ਼ਤਗਰਦੀ ਸੰਗਠਨ ਨਾਲ ਸੰਬਧ ਹੋਣ ਦਾ ਜਤਾਇਆ ਖਦਸ਼ਾ ।

• ਭਾਰਤ ਦੇ ਗੁਲਵੀਰ ਸਿੰਘ ਨੇ ਦੱਖਣੀ ਕੋਰੀਆ ਦੇ ਗੁਮੀ ਵਿੱਚ ਏਸ਼ੀਅਨ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ, ਮਰਦਾਂ ਦੀ 10 ਹਜ਼ਾਰ ਮੀਟਰ ਦੌੜ ਵਿੱਚ ਸੋਨੇ ਦਾ ਤਗਮਾ ਜਿੱਤਿਆ ।